VIGILANCE BUREAU, PUNJAB

# VIGILANCE BUREAU TO OBSERVE 'VIGILANCE AWARENESS WEEK' TO WEED OUT CORRUPTION AMONG SOCIETY

## VB OFFICERS/OFFICIALS TOOK PLEDGE TO ERADICATE CORRUPTION

Chandigarh, October 26:

Punjab Vigilance Bureau will observe 'Vigilance Awareness Week' across Punjab from October 26 to November 1, 2021 in which various state departments and educational institutions to be involved during the week-long campaign.

Disclosing this here today, DGP-cum-Chief Director of Vigilance Bureau Mr. S. Chattopadhyaya said the Central Vigilance Commission (CVC) provides a special slogan every year for the Vigilance Awareness Week to aware the public for eradication of all forms of corruption in the country. This time "Self reliance with integrity" has been chosen as the theme by the CVC, he added.

He further informed that under the directions of Punjab Chief Minister, S. Charanjeet Singh Channi, the state Vigilance Bureau (VB) has adopted zero tolerance approach against corruption. In this regard, the VB had already launched a campaign against the corruption in government offices, said Chattopadhyaya.

Sharing more details, VB chief added that during this awareness week, the general public and students would be made aware about the work being done by the VB to eliminate corruption and to assist them in the efforts to weed out corruption amongst public servants.

In addition, he informed that the VB has already issued instructions to all SSPs of VB ranges including employees about observance of Vigilance Awareness Week. The VB officers would conduct awareness events in educational institutions and government offices. Apart from this, panchs, sarpanchs, block samiti and zila parishad members would also be involved in this campaign.

Celebrating the Vigilance Awareness Week in the presence of Chief Director Mr. Chattopadhyay, all VB officers/officials today took pledge at VB Headquarters at Mohali in which Mr. LK Yadav ADGP-cum-Director, Mrs. Vibhu Raj ADGP-cum-Director were also present on the occasion.

Mr. Varinder Singh Brar, Joint Director administered the pledge to all the officers/ employees posted in the Bureau. The VB Chief asked all the officers and employees to perform their duties with honesty and take a resolution to create awareness among the people to eradicate corruption.

-----------

Photo Caption:

VB officers & officials taking pledge in the presence of Mr. S. Chattopadhyay, DGP-cum-Chief Director, Punjab Vigilance Bureau at VB Headquarters SAS Nagar.

-----------

ਵਿਜੀਲੈਂਸ ਬਿਊਰੋ, ਪੰਜਾਬ

## ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ 'ਚੌਕਸੀ ਜਾਗਰੂਕਤਾ ਹਫ਼ਤਾ' ਮਨਾਇਆ ਜਾਵੇਗਾ

## ਸਹੁੰ ਚੁੱਕ ਸਮਾਗਮ ਮੌਕੇ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਲਿਆ ਸੰਕਲਪ

ਚੰਡੀਗੜ੍ਹ, 26 ਅਕਤੂਬਰ : ਪੰਜਾਬ ਚੌਕਸੀ ਬਿਊਰੋ ਵੱਲੋਂ ਭ੍ਰਿਸਟਾਚਾਰ ਦੇ ਖਾਤਮੇ ਲਈ ਸੂਬੇ ਭਰ ਵਿੱਚ 26 ਅਕਤੂਬਰ ਤੋਂ 1 ਨਵੰਬਰ, 2021 ਤੱਕ 'ਚੌਕਸੀ ਜਾਗਰੂਕਤਾ ਹਫ਼ਤਾ' ਮਨਾਇਆ ਜਾਵੇਗਾ। ਹਫ਼ਤਾ ਭਰ ਚੱਲਣ ਵਾਲੀ ਇਸ ਜਾਗਰੂਕਤਾ ਮੁਹਿੰਮ ਦੌਰਾਨ ਸੂਬੇ ਦੇ ਵੱਖ-ਵੱਖ ਵਿਭਾਗਾਂ ਅਤੇ ਵਿਦਿਅਕ ਸੰਸਥਾਵਾਂ ਨੂੰ ਵੀ ਸ਼ਾਮਲ ਕੀਤਾ ਜਾਵੇਗਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਚੌਕਸੀ ਬਿਊਰੋ ਦੇ ਡੀਜੀਪੀ-ਕਮ-ਮੁੱਖ ਨਿਰਦੇਸ਼ਕ ਸ੍ਰੀ ਐਸ ਚਟੋਪਾਧਿਆਏ ਨੇ ਕਿਹਾ ਕਿ ਕੇਂਦਰੀ ਚੌਕਸੀ ਕਮਿਸ਼ਨ (ਸੀਵੀਸੀ) ਵੱਲੋਂ ਦੇਸ਼ ਵਿੱਚੋਂ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਲੋਕਾਂ ਨੂੰ ਜਾਗਰੂਕ ਕਰਨ ਹਿੱਤ ਮਨਾਏ ਜਾਂਦੇ ਸਲਾਨਾ ਚੌਕਸੀ ਜਾਗਰੂਕਤਾ ਹਫ਼ਤੇ ਲਈ ਹਰ ਸਾਲ ਇੱਕ ਵਿਸ਼ੇਸ਼ ਨਾਅਰਾ ਦਿੱਤਾ ਜਾਂਦਾ ਹੈ। ਇਸ ਵਾਰ ਸੀਵੀਸੀ ਦੁਆਰਾ ‘‘ਇਮਾਨਦਾਰੀ ਨਾਲ ਸਵੈ-ਨਿਰਭਰਤਾ‘‘ ਨੂੰ ਥੀਮ ਵਜੋਂ ਚੁਣਿਆ ਗਿਆ ਹੈ।

ਉਨਾਂ ਅੱਗੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਚਰਨਜੀਤ ਸਿੰਘ ਚੰਨੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਰਾਜ ਚੌਕਸੀ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਈ ਹੈ। ਸ੍ਰੀ ਚਟੋਪਾਧਿਆਏ ਨੇ ਕਿਹਾ ਕਿ ਇਸ ਸਬੰਧ ਵਿੱਚ ਬਿਊਰੋ ਨੇ ਪਹਿਲਾਂ ਹੀ ਸਰਕਾਰੀ ਦਫ਼ਤਰਾਂ ਵਿੱਚ ਭ੍ਰਿਸ਼ਟਾਚਾਰ ਖ਼ਿਲਾਫ਼ ਮੁਹਿੰਮ ਚਲਾਈ ਹੋਈ ਹੈ। ਹੋਰ ਵੇਰਵੇ ਸਾਂਝੇ ਕਰਦਿਆਂ ਚੌਕਸੀ ਬਿਊਰੋ ਦੇ ਮੁਖੀ ਨੇ ਕਿਹਾ ਕਿ ਇਸ ਜਾਗਰੂਕਤਾ ਹਫ਼ਤੇ ਦੌਰਾਨ, ਭ੍ਰਿਸ਼ਟਾਚਾਰ ਨਾਲ ਨਜਿੱਠਣ ਸਬੰਧੀ ਬਿਊਰੋ ਵੱਲੋਂ ਕੀਤੇ ਜਾ ਰਹੇ ਕੰਮਾਂ ਬਾਰੇ ਆਮ ਲੋਕਾਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਜਨਤਕ ਸੇਵਕਾਂ ਦਰਮਿਆਨ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਦੇ ਯਤਨਾਂ ਵਿੱਚ ਸਹਾਇਤਾ ਲਈ ਪ੍ਰੇਰਿਤ ਕੀਤਾ ਜਾਵੇਗਾ।

ਉਹਨਾਂ ਅੱਗੇ ਕਿਹਾ ਕਿ ਚੌਕਸੀ ਜਾਗਰੂਕਤਾ ਹਫ਼ਤਾ ਮਨਾਉਣ ਸਬੰਧੀ ਸਮੂਹ ਕਰਮਚਾਰੀਆਂ ਸਮੇਤ ਬਿਊਰੋ ਦੀਆਂ ਰੇਂਜਾਂ ਦੇ ਸਾਰੇ ਐਸਐਸਪੀਜ਼ ਨੂੰ ਪਹਿਲਾਂ ਹੀ ਨਿਰਦੇਸ਼ ਜਾਰੀ ਕਰ ਦਿੱਤੇ ਹਨ। ਚੌਕਸੀ ਅਧਿਕਾਰੀ ਵਿਦਿਅਕ ਅਦਾਰਿਆਂ ਅਤੇ ਸਰਕਾਰੀ ਦਫ਼ਤਰਾਂ ਵਿੱਚ ਜਾਗਰੂਕਤਾ ਪ੍ਰੋਗਰਾਮ ਕਰਵਾਉਣਗੇ। ਇਸ ਤੋਂ ਇਲਾਵਾ ਪੰਚ, ਸਰਪੰਚ, ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਵੀ ਇਸ ਮੁਹਿੰਮ ਵਿਚ ਸ਼ਾਮਲ ਹੋਣਗੇ।

ਇਸ ਜਾਗਰੂਕਤਾ ਹਫਤੇ ਦੇ ਸਬੰਧ ਵਿੱਚ ਮੁੱਖ ਨਿਰਦੇਸ਼ਕ ਸ੍ਰੀ ਚਟੋਪਾਧਿਆਏ ਦੀ ਅਗਵਾਈ ਹੇਠ ਅੱਜ ਵਿਜੀਲੈਂਸ ਬਿਉਰੋ ਦੇ ਹੈੱਡਕੁਆਰਟਰ ਮੁਹਾਲੀ ਵਿਖੇ ਸਹੁੰ ਚੁੱਕ ਸਮਾਗਮ ਵੀ ਕਰਵਾਇਆ ਗਿਆ ਜਿਸ ਵਿੱਚ ਸ੍ਰੀ ਐਲ ਕੇ ਯਾਦਵ ਏਡੀਜੀਪੀ-ਕਮ-ਡਾਇਰੈਕਟਰ, ਸ੍ਰੀਮਤੀ ਵਿਭੂ ਰਾਜ ਏਡੀਜੀਪੀ-ਕਮ-ਡਾਇਰੈਕਟਰ ਤੋਂ ਇਲਾਵਾ ਸਮੂਹ ਅਧਿਕਾਰੀਆਂ ਤੇ ਮੁਲਾਜਮਾਂ ਨੇ ਭਾਗ ਲਿਆ।

ਸ੍ਰੀ ਵਰਿੰਦਰ ਸਿੰਘ ਬਰਾੜ ਸੰਯੁਕਤ ਡਾਇਰੈਕਟਰ ਵੱਲੋਂ ਬਿਊਰੋ ਵਿਚ ਤਾਇਨਾਤ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਹੁੰ ਚੁਕਵਾਈ ਗਈ। ਮੁੱਖ ਨਿਰਦੇਸ਼ਕ ਵਿਜੀਲੈਂਸ ਬਿਊਰੋ ਵੱਲੋਂ ਸਮੂਹ ਅਧਿਕਾਰੀਆਂ ਕਰਮਚਾਰੀਆਂ ਨੂੰ ਆਪਣੀ ਡਿਊਟੀ ਈਮਾਨਦਾਰੀ ਨਾਲ ਨਿਭਾਉਣ ਅਤੇ ਭ੍ਰਿਸ਼ਟਾਚਾਰ ਰੋਕਣ ਲਈ ਲੋਕਾਂ ਨੂੰ ਜਾਗਰੂਕ ਕਰਨ ਖਾਤਰ ਸੰਕਲਪ ਲੈਣ ਲਈ ਕਿਹਾ ਗਿਆ।

-------

ਫੋਟੋ ਕੈਪਸਨ :

ਪੰਜਾਬ ਵਿਜੀਲੈਂਸ ਬਿਊਰੋ ਦੇ ਡੀਜੀਪੀ-ਕਮ-ਮੁੱਖ ਨਿਰਦੇਸ਼ਕ ਸ੍ਰੀ ਐਸ ਚਟੋਪਾਧਿਆਏ ਬਿਊਰੋ ਵਿੱਚ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਹੁੰ ਚੁੱਕ ਸਮਾਗਮ ਮੌਕੇ ਨਜਰ ਆ ਰਹੇ ਹਨ।

-----------